## Vigilance Bureau Punjab

## VIGILANCE NABS REVENUE PATWARI IN BRIBERY CASE

Chandigarh, July 6: State Vigilance Bureau, during its ongoing campaign against corruption today nabbed Revenue Patwari red handed while accepting bribe of Rs. 5,000/-.

Disclosing this here an official spokesperson of the Vigilance Bureau said Prabhdial Singh, Patwari posted at Halqa Hargobidpur in Gurdaspur district was nabbed red handed by Vigilance team for accepting bribe of Rs. 5,000 from complainant Puran Singh of village Momanwal in Gurdaspur district.

The Complainant has approached the VB that the accused Patwari was demanding Rs. 5,000 to enter the mortgage status in the revenue records on the basis of NOC issued by the bank. After verifying his information, the Vigilance team laid a trap and the accused Patwari was arrested on the spot while accepting bribe of Rs. 5,000/- from the complainant in the presence of two official witnesses

He informed that a case under Prevention of Corruption Act has been registered against the accused at VB police station Amritsar and further investigations was under progress.

### ਵਿਜੀਲੈਂਸ ਬਿਓਰੋ ਪੰਜਾਬ

### ਵਿਜੀਲੈਂਸ ਵਲੋਂ ਪਟਵਾਰੀ ਰਿਸ਼ਵਤ ਲੈਂਦਾ ਕਾਬੂ

ਚੰਡੀਗੜ੍ਹ, 6 ਜੁਲਾਈ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਮੁਹਿੰਮ ਦੌਰਾਨ ਅੱਜ ਮਾਲ ਹਲਕਾ ਹਰਗੋਬਿੰਦਪੁਰ ਜਿਲਾ ਗੁਰਦਾਸਪੁਰ ਵਿਖੇ ਤਾਇਨਾਤ ਪਟਵਾਰੀ ਪ੍ਰਭਦਿਆਲ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦਾ ਹੋਇਆ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਪਟਵਾਰੀ ਪ੍ਰਭਦਿਆਲ ਸਿੰਘ ਨੂੰ ਸ਼ਿਕਾਇਤਕਰਤਾ ਪੂਰਨ ਸਿੰਘ ਵਾਸੀ ਪਿੰਡ ਮੋਮਨਵਾਲ, ਜਿਲਾ ਗੁਰਦਾਸਪੁਰ ਦੀ ਸ਼ਿਕਾਇਤ 'ਤੇ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਵਲੋਂ ਉਸ ਦੀ 8 ਕਨਾਲ ਜਮੀਨ ਜੋ ਬੈਂਕ ਪਾਸ ਆੜ ਰਹਿਣ ਕੀਤੀ ਹੋਈ ਸੀ ਉਸ 'ਤੇ ਲਿਆ ਕਰਜਾ ਚੁਕਾਉਣ ਉਪਰੰਤ ਜਮੀਨ ਦੇ ਰਿਕਾਰਡ ਨੂੰ ਫੱਕ ਕਰਾਉਣ ਬਦਲੇ 5,000 ਰੁਪਏ ਦੀ ਮੰਗ ਕੀਤੀ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਅੰਮ੍ਰਿਤਸਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।